# Phone call between Prime Minister ShriNarendraModi and His Excellency Abdel Fattah Al-Sisi, President of Egypt

May 26, 2020

---

## ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਅਤੇ ਮਿਸਰ ਦੇ ਰਾਸ਼ਟਰਪਤੀ ਮਹਾਮਹਿਮ ਅਬਦੇਲ ਫੱਤਹ ਅਲ-ਸੀਸੀ ਦਰਮਿਆਨ ਫੋਨ 'ਤੇ ਗੱਲਬਾਤ

26 ਮਈ, 2020

ਅੱਜ ਟੈਲੀਫੋਨ 'ਤੇ ਹੋਈ ਗੱਲਬਾਤ ਵਿਚ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਮਿਸਰ ਦੇ ਰਾਸ਼ਟਰਪਤੀ ਮਹਾਮਹਿਮ ਅਬਦੇਲ ਫਤਾਹ ਅਲ-ਸੀਸੀ ਅਤੇ ਮਿਸਰ ਦੇ ਲੋਕਾਂ ਨੂੰ ਈਦ-ਉਲ-ਫਿਤਰ ਦੀ ਵਧਾਈ ਦਿੱਤੀ।

ਉਨ੍ਹਾਂ ਦੀ ਵਧਾਈ ਦਾ ਪ੍ਰਤੀਕਰਮ ਦਿੰਦੇ ਹੋਏ ਮਿਸਰ ਦੇ ਰਾਸ਼ਟਰਪਤੀ ਨੇ ਮਿਸਰ ਅਤੇ ਭਾਰਤ ਦੇ ਦੁਨੀਆ ਦੀ ਸਭ ਤੋਂ ਪੁਰਾਣੀ ਸਭਿਅਤਾਵਾਂ ਵਿਚ ਸ਼ਾਮਲ ਹੋਣ ਦਾ ਜ਼ਿਕਰ ਕੀਤਾ ਅਤੇ ਦੋਨਾਂ ਦਰਮਿਆਨ ਤੇਜ਼ੀ ਨਾਲ ਵੱਧ ਰਹੇ ਦੁਵੱਲੇ ਸੰਬੰਧਾਂ ਉੱਤੇ ਖੁਸ਼ੀ ਜ਼ਾਹਰ ਕੀਤੀ।

ਪ੍ਰਧਾਨ ਮੰਤਰੀ ਨੇ COVID -19 ਸੰਕਟ ਦੌਰਾਨ ਮਿਸਰ ਅੰਦਰ ਰਹਿ ਰਹੇ ਭਾਰਤੀ ਨਾਗਰਿਕਾਂ ਦੀ ਸੁਰੱਖਿਆ ਅਤੇ ਖੈਰੀਅਤ ਲਈ ਮਿਸਰੀ ਅਧਿਕਾਰੀਆਂ ਵੱਲੋਂ ਦਿੱਤੀ ਗਈ ਮਦਦ ਦੀ ਸ਼ਲਾਘਾ ਕੀਤੀ।

ਇਸ ਸਾਲ ਪਹਿਲਾਂ ਯੋਜਨਾਬੱਧ ਹੋਈ ਆਪਣੀ ਪਿਛਲੀ ਫੇਰੀ ਦਾ ਹਵਾਲਾ ਦਿੰਦੇ ਹੋਏ, ਜਿਸ ਨੂੰ COVID -19 ਮਹਾਂਮਾਰੀ ਕਾਰਨ ਮੁਲਤਵੀ ਕਰਨਾ ਪਿਆ ਸੀ, ਪ੍ਰਧਾਨ ਮੰਤਰੀ ਨੇ ਹਾਲਾਤ ਦੇ ਠੀਕ ਹੁੰਦਿਆਂ ਹੀ ਰਾਸ਼ਟਰਪਤੀ ਸੀਸੀ ਨੂੰ ਮਿਲਣ ਦੀ ਆਪਣੀ ਇੱਛਾ ਜ਼ਾਹਰ ਕੀਤੀ।

ਨਵੀਂ ਦਿੱਲੀ
26 ਮਈ, 2020

DISCLAIMER: This is an approximate translation. The original is available in English on MEA's website and may be referred to as the official press release.